ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਬਲਾਕ-ਈ , 6ਵੀਂ ਮੰਜ਼ਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ, ਫੇਜ਼-8,
ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ), ਫੋਨ ਨੰਬਰ:-0172-2212221

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
ਸਮੂਹ ਸਕੂਲ ਮੁੱਖੀ
ਪੰਜਾਬ।

ਮੀਮੋ ਨੰ:-SCERT-SDP01/5/2023-SDP-SCERT/437771 / 135
ਮਿਤੀ: ਐਸ.ਏ.ਐਸ.ਨਗਰ, 1-3-23

**ਵਿਸ਼ਾ:- 'ਸਕੂਲ ਆਫ ਐਮੀਨੈਂਸ' (SOE) ਸਕੂਲਾਂ ਵਿੱਚ 9ਵੀਂ ਅਤੇ 11ਵੀਂ ਕਲਾਸਾਂ ਵਿੱਚ ਦਾਖਲੇ ਲਈ ਦਾਖਲਾ ਪ੍ਰੀਖਿਆ ਸਬੰਧੀ।**

1. ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਦੱਸਿਆ ਜਾਂਦਾ ਹੈ ਕਿ ਨਾਲ ਨੱਥੀ ਲਿਸਟ ਵਿੱਚ ਦਰਸਾਏ ਆਪ ਦੇ ਜ਼ਿਲ੍ਹੇ ਦੇ SOE ਅਧੀਨ ਚੁਣੇ ਗਏ ਸਕੂਲਾਂ ਵਿੱਚ SOE ਸਕੂਲਾਂ ਦੇ ਨੇੜਲੇ ਫੀਡਰ ਪ੍ਰਾਈਵੇਟ ਅਤੇ ਸਰਕਾਰੀ ਸਕੂਲਾਂ (ਲਿਸਟ ਨੱਥੀ) ਵਿੱਚ 8ਵੀਂ ਅਤੇ 10ਵੀਂ ਕਲਾਸਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਲਈ 9ਵੀਂ ਅਤੇ 11ਵੀਂ ਕਲਾਸਾਂ ਵਿੱਚ ਦਾਖਲਾ ਲੈਣ ਲਈ ਮਿਤੀ 19-03-2023 (ਐਤਵਾਰ) ਨੂੰ ਦਾਖਲਾ ਪ੍ਰੀਖਿਆ ਲਈ ਜਾ ਰਹੀ ਹੈ।
2. ਇਸ ਦਾਖਲਾ ਪ੍ਰੀਖਿਆ ਲਈ ਵਿਦਿਆਰਥੀਆਂ ਵੱਲੋਂ ਮਿਤੀ 17-02-2023 ਤੋਂ 10-03-2023 ਤੱਕ ਰਜਿਸਟ੍ਰੇਸ਼ਨ ਕੀਤੀ ਜਾ ਸਕਦੀ ਹੈ।
3. ਵਿਦਿਆਰਥੀਆਂ ਵੱਲੋਂ ਸਿੱਖਿਆ ਵਿਭਾਗ ਦੇ ਈ-ਪੰਜਾਬ ਪੋਰਟਲ www.epunjabschool.gov.in ਤੇ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ।
4. ਇਸ ਦਾਖਲਾ ਪ੍ਰੀਖਿਆ ਦੀ ਪੂਰੀ ਜਾਣਕਾਰੀ ਨਾਲ ਨੱਥੀ ਕੀਤੀ ਜਾ ਰਹੀ ਹੈ ਸਰਵ ਸਿੱਖਿਆ ਅਭਿਆਨ ਪੰਜਾਬ ਦੀ ਵੈਬਸਾਈਟ www.ssapunjab.org ਤੇ ਅਪਲੋਡ ਕੀਤੀ ਗਈ ਹੈ

Scanned with OKEN Scanner

5. ਆਪ ਵੱਲੋਂ ਆਪਣੇ ਜ਼ਿਲ੍ਹੇ ਦੇ SOE ਸਕੂਲਾਂ ਵਿਚ ਦਾਖਲਾ ਲੈਣ ਲਈ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾਈ ਜਾਵੇ।
6. ਇੱਕ SOE ਸਕੂਲ ਵਿੱਚ ਦਾਖਲਾ ਲੈਣ ਲਈ ਉਸ ਦੇ ਫੀਡਰ ਪ੍ਰਾਈਵੇਟ ਅਤੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਹੀ ਰਜਿਸਟ੍ਰੇਸ਼ਨ ਕਰ ਸਕਦੇ ਹਨ।
7. ਆਪ ਵੱਲੋਂ ਆਪਣੇ ਜ਼ਿਲ੍ਹੇ ਦੇ SOE ਸਕੂਲਾਂ ਵਿਚ ਵਿਦਿਆਰਥੀ ਦੇ ਦਾਖਲੇ ਲਈ ਨਾਲ ਲਗਦੇ ਸਾਰੇ ਪ੍ਰਾਈਵੇਟ, ਸਰਕਾਰੀ, ਅਰਧ ਸਰਕਾਰੀ, CBSE, ICSE ਜਾਂ ਕਿਸੇ ਬੋਰਡ ਨਾਲ affiliated, recognised ਸਕੂਲਾਂ ਦੇ 8ਵੀਂ ਅਤੇ 10ਵੀਂ ਦੇ ਵਿਦਿਆਰਥੀਆਂ ਨੂੰ SOE ਸਕੂਲਾਂ ਵਿੱਚ 9ਵੀਂ ਅਤੇ 11ਵੀਂ ਕਲਾਸਾਂ ਵਿੱਚ ਦਾਖਲਾ ਲੈਣ ਲਈ ਰਜਿਸਟ੍ਰੇਸ਼ਨ ਕਰਨ ਲਈ ਉਤਸ਼ਾਹਿਤ/ਪ੍ਰੇਰਿਤ ਕੀਤਾ ਜਾਵੇ।
8. ਸਾਰੇ ਪ੍ਰਾਈਵੇਟ, ਸਰਕਾਰੀ, ਅਰਧ ਸਰਕਾਰੀ ਆਦਿ ਸਕੂਲਾਂ ਵਿਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵੀ SOE ਸਕੂਲਾਂ ਦੀਆਂ ਵਿਸ਼ੇਸ਼ਤਾਵਾਂ ਦੱਸਦੇ ਹੋਏ ਵਿਦਿਆਰਥੀਆਂ ਦੇ ਦਾਖਲੇ ਲਈ ਪ੍ਰੇਰਿਤ ਕੀਤਾ ਜਾਵੇ।

ਡਾਇਰੈਕਟਰ
ਐਸ.ਸੀ.ਈ.ਆਰ.ਟੀ.ਪੰਜਾਬ।

ਪਿੱਠ ਅੰਕਣ ਨੰ. ਉਕਤ/ ਮਿਤੀ:- ਐਸ.ਏ.ਐਸ. ਨਗਰ, -03-2023

ਉਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ ਜੀ:-

1. ਪੀ.ਏ. ਪ੍ਰਮੁੱਖ ਸਕੱਤਰ, ਸਕੂਲ ਸਿੱਖਿਆ, ਪੰਜਾਬ।
2. ਪੀ.ਏ. ਟੂ ਡੀ.ਜੀ.ਐਸ.ਈ., ਪੰਜਾਬ।
3. ਪੀ.ਏ. ਟੂ ਡੀ.ਪੀ.ਆਈ. (ਸੈ.ਸਿੱ), ਪੰਜਾਬ।

ਡਾਇਰੈਕਟਰ
ਐਸ.ਸੀ.ਈ.ਆਰ.ਟੀ. ਪੰਜਾਬ।

Scanned with OKEN Scanner